# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਕ ਖਬਰਾਂ

**13:10**

**ਮਿਤੀ :27-09-2026**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਰਤੀ ਫੌਜ ਵੱਲੋਂ ਪਾਕਿਸਤਾਨ ਵਿੱਚ ਦਹਿਸ਼ਤਗਰਦੀ ਕੈਂਪਾਂ 'ਤੇ ਕੀਤੇ ਗਏ ਸਰਜੀਕਲ ਸਟ੍ਰਾਈਕ ਨੇ ਦੁਨੀਆ ਸਾਹਮਣੇ ਭਾਰਤ ਦੀ ਦਹਿਸ਼ਤਗਰਦੀ ਵਿਰੋਧੀ ਨੀਤੀ ਦੀ ਨਵੀਂ ਮਿਸਾਲ ਪੇਸ਼ ਕੀਤੀ ਏ ।ਅੱਜ ਆਕਾਸ਼ਵਾਨੀ 'ਤੇ ਆਪਣੇ 'ਮਨ ਕੀ ਬਾਤ' ਪ੍ਰੋਗਰਾਮ ਵਿੱਚ, ਉਨ੍ਹਾਂ ਕਿਹਾ ਕਿ ਦੇਸ਼ ਕੱਲ੍ਹ, 28 ਸਤੰਬਰ ਨੂੰ ਇਸ ਸਟ੍ਰਾਈਕ ਦੀ 10ਵੀਂ ਵਰ੍ਹੇਗੰਢ ਮਨਾਏਗਾ। ਮਰਦਮਸ਼ੁਮਾਰੀ ਬਾਰੇ, ਪ੍ਰਧਾਨ ਮੰਤਰੀ ਨੇ ਕਿਹਾ ਕਿ ਇਸਦਾ ਪਹਿਲਾ ਗੇੜ ਲਗਭਗ ਪੂਰਾ ਹੋ ਗਿਆ ਏ ਅਤੇ 32 ਕਰੋੜ ਤੋਂ ਵੱਧ ਪਰਿਵਾਰਾਂ ਦਾ ਡੇਟਾ ਦਰਜ ਕੀਤਾ ਗਿਆ ਏ । ਉਨ੍ਹਾਂ ਸਪੱਸ਼ਟ ਕੀਤਾ ਕਿ ਜਨਗਣਨਾ ਹਰ ਕਿਸੇ ਦੀ ਰਾਸ਼ਟਰੀ ਜ਼ਿੰਮੇਵਾਰੀ ਏ ਤੇ ਨਾਗਰਿਕਾਂ ਬਾਰੇ ਸਹੀ ਜਾਣਕਾਰੀ ਦੇਸ਼ ਦੇ ਭਵਿੱਖ ਦੀ ਸਹੀ ਤਸਵੀਰ ਬਣਾਉਣ ਵਿੱਚ ਮਦਦ ਕਰਦੀ ਏ । ਉਨ੍ਹਾਂ ਕਿਹਾ ਕਿ ਪਿੰਡਾਂ ਅਤੇ ਕਸਬਿਆਂ ਤੱਕ ਪਹੁੰਚ ਕਰਕੇ ਖੇਡ ਪ੍ਰਤਿਭਾ ਦੀ ਖੋਜ ਕਰਨੀ ਬਹੁਤ ਜ਼ਰੂਰੀ ਹੈ। ਉਨ੍ਹਾਂ ਨੇ ਪੰਜਾਬ ਦੇ

ਰਾਜਿੰਦਰ ਸਿੰਘ ਬਾਰੇ ਵੀ ਗੱਲ ਕੀਤੀ, ਜੋ 1980 ਦੀਆਂ ਓਲੰਪਿਕ ਖੇਡਾਂ ਵਿੱਚ ਹਾਕੀ ਵਿੱਚ ਸੋਨ ਤਮਗਾ ਜਿੱਤਣ ਵਾਲੀ ਭਾਰਤੀ ਟੀਮ ਦਾ ਹਿੱਸਾ ਸਨ।

-----------------------------------------------------------

ਅੱਜ ਵਿਸ਼ਵ ਸੈਰ-ਸਪਾਟਾ ਦਿਵਸ ਏ। ਇਸ ਮੌਕੇ ਸੱਭਿਆਚਾਰ ਤੇ ਸੈਰ-ਸਪਾਟਾ ਮੰਤਰੀ ਗਜੇਂਦਰ ਸਿੰਘ ਸ਼ੇਖਾਵਤ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਸੈਰ-ਸਪਾਟਾ ਹੁਣ ਸਿਰਫ਼ ਵੱਖ-ਵੱਖ ਥਾਵਾਂ ਦੀ ਯਾਤਰਾ ਕਰਨ ਬਾਰੇ ਨਹੀਂ ਸਗੋਂ ਇਹ ਰੁਜ਼ਗਾਰ, ਸਥਾਨਕ ਆਰਥਿਕਤਾ ਤੇ ਵਿਕਾਸ ਦਾ ਇੱਕ ਸ਼ਕਤੀਸ਼ਾਲੀ ਥੰਮ੍ਹ ਵੀ ਬਣ ਰਿਹਾ ਏ।ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਦੂਰਦਰਸ਼ੀ ਅਗਵਾਈ ਹੇਠ, 'ਵਿਕਸਤ ਭਾਰਤ' ਲਈ ਇੱਕ ਆਰਥਿਕ ਸ਼ਕਤੀ ਵਜੋਂ ਸੈਰ-ਸਪਾਟੇ ਨੂੰ ਉਤਸ਼ਾਹਿਤ ਕਰਨ ਦੇ ਯਤਨ ਕੀਤੇ ਜਾ ਰਹੇ ਨੇ। ਸ੍ਰੀ ਸ਼ੇਖਾਵਤ ਨੇ ਕਿਹਾ ਕਿ ਦੇਸ਼ ਦੀ ਅਮੀਰ ਵਿਰਾਸਤ, ਸੱਭਿਆਚਾਰ ਤੇ ਕੁਦਰਤੀ ਵਨ ਸੁਵੰਨਤਾ  ਦੇਸ਼ ਦੇ ਲੱਖਾਂ ਨੌਜਵਾਨਾਂ ਲਈ ਨਵੇਂ ਮੌਕਿਆਂ ਦਾ ਸਰੋਤ ਬਣਨੀ ਚਾਹੀਦੀ ਏ। ਉਨ੍ਹਾਂ ਭਾਰਤ ਨੂੰ ਸੈਰ-ਸਪਾਟੇ ਲਈ ਦੁਨੀਆ ਦਾ ਪਸੰਦੀਦਾ ਸਥਾਨ ਬਣਾਉਣ ਦੇ ਸੰਕਲਪ ਨੂੰ ਮਜ਼ਬੂਤ ਕਰਨ ਦੀ ਅਪੀਲ ਕੀਤੀ।

---------------------------------------------------

ਭਾਜਪਾ ਵਲੋਂ ਨਸ਼ਾ ਮੁਕਤ ਪੰਜਾਬ ਯਾਤਰਾ ਦਾ ਸਿਲਸਿਲਾ ਜਾਰੀ ਏ , ਇਸੇ ਤਹਿਤ ਕਲ  ਅੰਮ੍ਰਿਤਸਰ ਪਹੁੰਚੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਭਾਜਪਾ ਆਗੂਆਂ ਅਤੇ ਵਰਕਰਾਂ ਵੱਲੋਂ ਕਰਵਾਏ ਇੱਕ ਵਿਸ਼ਾਲ ਪ੍ਰੋਗਰਾਮ ਵਿੱਚ ਸ਼ਿਰਕਤ ਕੀਤੀ । ਮੀਡੀਆ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਪੰਜਾਬ ਦੀ ਧਾਰਮਿਕ ਤੇ ਇਤਿਹਾਸਕ ਮਹੱਤਤਾ ਦਾ ਜ਼ਿਕਰ ਕੀਤਾ। ਉਨ੍ਹਾਂ ਕਿਹਾ ਕਿ ਇਹ ਪਾਵਨ ਧਰਤੀ ਗੁਰੂਆਂ, ਸੰਤਾਂ ਅਤੇ ਮਹਾਪੁਰਖਾਂ ਦੀ ਧਰਤੀ ਏ । ਉਨ੍ਹਾਂ ਇਸ ਪਵਿੱਤਰ ਧਰਤੀ ਨੂੰ ਸਿਰ ਝੁਕਾ ਕੇ ਨਮਨ ਕੀਤਾ। ਨਾਇਬ ਸਿੰਘ ਸੈਣੀ ਨੇ ਕਿਹਾ ਕਿ ਲੋਕ ਭਾਰਤੀ ਜਨਤਾ ਪਾਰਟੀ ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀਆਂ ਲੋਕ-ਭਲਾਈ ਨੀਤੀਆਂ ਨਾਲ ਲਗਾਤਾਰ ਜੁੜ ਰਹੇ ਨੇ ।

---------------------------------------------------

ਅੰਮ੍ਰਿਤਸਰ ਦੇ ਭਾਰਤ-ਪਾਕਿਸਤਾਨ ਸਰਹੱਦ ਨਾਲ ਲਗਦੇ ਰਾਜਾਤਾਲ ਇਲਾਕੇ ਵਿੱਚ BSF ਨੇ ਤਲਾਸ਼ੀ ਮੁਹਿੰਮ ਦੌਰਾਨ ਕਰੀਬ 1 ਕਿਲੋ ਹੈਰੋਇਨ ਤੇ ਇੱਕ ਛੋਟਾ ਡਰੋਨ ਬਰਾਮਦ ਕੀਤਾ ਏ । ਮੁੱਢਲੀ ਜਾਂਚ ਦੌਰਾਨ ਇਹ ਸ਼ੱਕ ਜਤਾਇਆ ਜਾ ਰਿਹਾ ਏ  ਕਿ ਨਸ਼ੀਲੇ ਪਦਾਰਥਾਂ ਦੀ ਖੇਪ ਡਰੋਨ ਰਾਹੀਂ ਪਹੁੰਚਾਈ ਗਈ ਹੋ ਸਕਦੀ ਏ । ਹਾਲਾਂਕਿ, ਪੁਲਿਸ ਵੱਲੋਂ

ਅਜੇ ਤੱਕ ਹੈਰੋਇਨ ਤੇ ਡਰੋਨ ਨਾਲ ਸਬੰਧਤ ਕਿਸੇ ਵਿਅਕਤੀ ਦੀ ਪਛਾਣ ਨਹੀਂ ਕੀਤੀ ਗਈ ਤੇ ਅਣਪਛਾਤੇ ਮੁਲਜ਼ਮ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਏ। ਮਾਮਲੇ ਦੀ ਅਗਲੇਰੀ ਜਾਂਚ ਜਾਰੀ ਏ। ਓਧਰ ਫਾਜ਼ਿਲਕਾ ਪੁਲਿਸ ਨੇ ਵੀ ਤਿੰਨ ਨਸ਼ਾ ਤਸਕਰਾਂ ਨੂੰ 270 ਗ੍ਰਾਮ ਹੈਰੋਇਨ, ਦੋ ਡਰੋਨ ਤੇ ਇੱਕ ਮੋਟਰਸਾਈਕਲ ਸਮੇਤ ਕਾਬੂ ਕੀਤਾ ਏ। ਐਸ.ਪੀ. ਸਤਿੰਦਰ ਕੁਮਾਰ ਨੇ ਦੱਸਿਆ ਏ ਕਿ ਮੁੱਢਲੀ ਜਾਂਚ ਮੁਤਾਬਿਕ ਹੈਰੋਇਨ ਪਾਕਿਸਤਾਨ ਤੋਂ ਡਰੋਨ ਰਾਹੀਂ ਮੰਗਵਾਈ ਗਈ ਸੀ। ਇਸ ਸਬੰਧੀ ਥਾਣਾ ਸਦਰ ਜਲਾਲਾਬਾਦ ਵਿੱਚ ਮਾਮਲਾ ਦਰਜ ਕੀਤਾ ਗਿਆ ਏ।

-----------------------------------------------------------

ਪੰਜਾਬ ਸਰਕਾਰ ਵਲੋਂ ਰਾਸ਼ਨ ਕਾਰਡਾਂ ਵਿੱਚ ਦਰਜ ਗ਼ਲਤ ਵੇਰਵਿਆਂ ਨੂੰ ਸੋਧਣ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਏ। ਬਿਨੈਕਾਰ ਹੁਣ ਆਪਣੇ ਵੇਰਵਿਆਂ ਵਿੱਚ ਖੁਦ ਆਨਲਾਈਨ ਸੋਧ ਕਰ ਸਕਦੇ ਨੇ। ਇਸ ਬਾਰੇ ਬਠਿੰਡਾ ਦੇ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਨਵੇਂ ਰਾਸ਼ਨ ਕਾਰਡ ਬਣਾਉਣ ਤੇ ਪੁਰਾਣੇ ਰਾਸ਼ਨ ਕਾਰਡਾਂ ਵਿਚ ਮੈਂਬਰ ਜੋੜਨ ਲਈ ਦਰਖਾਸਤਾਂ ਮੰਗੀਆਂ ਸਨ। ਉਸ ਸਮੇਂ ਕੁਝ ਲੋਕਾਂ ਵਲੋਂ ਆਪਣੇ ਵੇਰਵੇ ਸਹੀ ਢੰਗ ਨਾਲ ਦਰਜ ਨਹੀਂ ਕੀਤੇ ਗਏ। ਉਨ੍ਹਾਂ ਦੱਸਿਆ ਕਿ ਹੁਣ ਉਸੇ ਪੋਰਟਲ ’ਤੇ ਪਤਾ ਜਾਂ ਹੋਰ

ਵੇਰਵਿਆਂ ਵਿੱਚ ਦਰੁਸਤੀ ਕਰਨ ਲਈ ਆਪਸ਼ਨ ਦਿੱਤੀ ਗਈ ਏ, ਤਾਂ ਜੋ ਨਵੇਂ ਰਾਸ਼ਨ ਕਾਰਡ ਬਣਾਉਣ ਦਾ ਕੰਮ ਨੇਪਰੇ ਚਾੜ੍ਹਿਆ ਜਾ ਸਕੇ ।

---------------------------------------------------------

ਪੰਜਾਬ ਸਰਕਾਰ ਵੱਲੋਂ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਰਾਜ ਪੱਧਰੀ ਜਾਗਰੂਕਤਾ ਮੁਹਿੰਮ ਤਹਿਤ ਪ੍ਰਚਾਰ ਵੈਨ ਸ੍ਰੀ ਮੁਕਤਸਰ ਸਾਹਿਬ ਵਿਧਾਨ ਸਭਾ ਹਲਕੇ ਦੇ ਪਿੰਡ ਸਦਰਵਾਲਾ, ਮੜ੍ਹ ਮੱਲੂ ਤੇ ਕਬਰਵਾਲਾ ਵਿਖੇ ਪੁੱਜੀ । ਪ੍ਰਚਾਰ ਵੈਨ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਬਾਣੀ ਅਤੇ ਸਮਾਜਿਕ ਬਰਾਬਰੀ ਤੇ ਮਨੁੱਖੀ ਏਕਤਾ ਦੇ ਸੰਦੇਸ਼ ’ਤੇ ਆਧਾਰਿਤ ਦਸਤਾਵੇਜ਼ੀ ਫਿਲਮ ਦਿਖਾਈ ਗਈ । ਲੋਕਾਂ ਨੇ ਫਿਲਮ ਨੂੰ ਸ਼ਰਧਾ ਤੇ ਰੁਚੀ ਨਾਲ ਦੇਖਿਆ।

---------------------------------------------------------

ਤਰਨ ਤਾਰਨ ਦੇ  ਨੌਸ਼ਹਿਰਾ ਪੰਨੂਆਂ ਵਿਖੇ ਜ਼ਿਲ੍ਹਾ ਪੱਧਰੀ ਕਿਸਾਨ ਮੇਲਾ 29 ਸਤੰਬਰ ਨੂੰ ਲਗਾਇਆ ਜਾ ਰਿਹਾ ਏ । ਇਹ ਮੇਲਾ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਆਤਮਾ ਸਕੀਮ ਤਹਿਤ ਲਗਾਇਆ ਜਾ ਰਿਹਾ ਏ । ਮੁੱਖ ਖੇਤੀਬਾੜੀ ਅਫ਼ਸਰ ਡਾ. ਤੇਜਬੀਰ ਸਿੰਘ ਭੰਗੂ ਨੇ ਦੱਸਿਆ ਕਿ ਮੇਲੇ ਵਿੱਚ ਲਗਭਗ 2 ਹਜ਼ਾਰ 500 ਕਿਸਾਨ ਸ਼ਾਮਲ ਹੋਣਗੇ।

ਮਾਹਿਰਾਂ ਵੱਲੋਂ ਹਾੜ੍ਹੀ ਦੀਆਂ ਫ਼ਸਲਾਂ, ਸਹਾਇਕ ਕਿੱਤਿਆਂ ਤੇ ਵਿਸ਼ੇਸ਼ ਤੌਰ ’ਤੇ ਪਰਾਲੀ ਪ੍ਰਬੰਧਨ ਬਾਰੇ ਤਕਨੀਕੀ ਜਾਣਕਾਰੀ ਦਿੱਤੀ ਜਾਵੇਗੀ । ਇਸ ਮੌਕੇ ਖਾਦਾਂ, ਦਵਾਈਆਂ, ਸੁਧਰੇ ਬੀਜਾਂ ਤੇ ਪਰਾਲੀ ਪ੍ਰਬੰਧਨ ਮਸ਼ੀਨਰੀ ਸਬੰਧੀ ਸਟਾਲ ਵੀ ਲਗਾਏ ਜਾਣਗੇ । ਮੇਲੇ ਦਾ ਮੁੱਖ ਉਦੇਸ਼ ਪਰਾਲੀ ਪ੍ਰਬੰਧਨ ਬਾਰੇ ਕਿਸਾਨਾਂ ਨੂੰ ਜਾਗਰੂਕ ਕਰਨਾ ਏ ।

---------------------------------------------------------------

ਕ੍ਰਿਕੇਟ ਵਿੱਚ, ਭਾਰਤ ਅਤੇ ਵੈਸਟਇੰਡੀਜ਼ ਵਿਚਕਾਰ ਤਿੰਨ ਇੱਕ ਰੋਜ਼ਾ ਮੈਚਾਂ ਦੀ ਲੜੀ ਅੱਜ ਤੋਂ ਸ਼ੁਰੂ ਹੋ ਰਹੀ ਏ। ਇਸ ਤੋਂ ਬਾਅਦ, ਦੋਵਾਂ ਟੀਮਾਂ ਵਿਚਕਾਰ ਪੰਜ ਮੈਚਾਂ ਦੀ Twenty-twenty ਸੀਰੀਜ਼ ਖੇਡੀ ਜਾਵੇਗੀ। ਵਿਰਾਟ ਕੋਹਲੀ ਅਤੇ ਰੋਹਿਤ ਸ਼ਰਮਾ, ਇੱਕ ਰੋਜ਼ਾ ਟੀਮ ਵਿੱਚ ਸ਼ਾਮਲ ਨੇ। ਸ਼੍ਰੇਅਸ ਅਈਅਰ, Twenty-twenty ਸੀਰੀਜ਼ ਵਿੱਚ, ਭਾਰਤੀ ਟੀਮ ਦੇ ਕਪਤਾਨ ਹੋਣਗੇ।